# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 17-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਦੇਰ ਰਾਤ ਕੈਨੇਡਾ ਦੇ ਕਨਾਨਾ-ਸਕਿਸ ਵਿੱਚ, ਜੀ-7 ਸੰਮੇਲਨ 'ਚ ਸ਼ਾਮਲ ਹੋਣਗੇ- ਇਸ ਵਿੱਚ ਊਰਜਾ ਸੁਰੱਖਿਆ, ਤਕਨਾਲੋਜੀ ਅਤੇ ਹੋਰ ਆਲਮੀ ਚੁਣੌਤੀਆਂ 'ਤੇ ਹੋਵੇਗੀ ਚਰਚਾ।
- ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਹਰਿਆਣਾ ਦੇ ਮਾਨੇਸਰ ਵਿੱਚ ਦੇਸ਼ ਦੇ ਸਭ ਤੋਂ ਵੱਡੇ ਗਤੀਸ਼ਕਤੀ ਮਲਟੀ ਮਾਡਲ ਕਾਰਗੋ ਟਰਮੀਨਲ ਦਾ ਕੀਤਾ ਉਦਘਾਟਨ।
- ਲੁਧਿਆਣਾ ਪੱਛਮੀ ਜ਼ਿਮਨੀ ਚੋਣ ਬਾਰੇ ਪ੍ਰਚਾਰ ਸ਼ਾਮ 6 ਵਜੇ ਤੋਂ ਸਮਾਪਤ ਹੋਇਆ ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਸੁਵਿਧਾ ਲਈ, ਮੋਬਾਈਲ ਜਮ੍ਹਾਂ ਕਰਵਾਉਣ ਦੀ ਸਹੂਲਤ ਦੀ ਸ਼ੁਰੂਆਤ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਵੱਖ-ਵੱਖ ਮਾਮਲਿਆਂ ਵਿਚ ਇਕ ਵਿਦੇਸ਼ੀ ਨਾਗਰਿਕ ਸਮੇਤ 6 ਨਸ਼ਾ ਤਸਕਰਾਂ ਨੂੰ ਗਿਰਫ਼ਤਾਰ ਕਰਕੇ, ਇਕ ਡਰੱਗ ਰੈਕੇਟ ਦਾ ਕੀਤਾ ਪਰਦਾਫਾਸ਼ ।
- ਪੰਜਾਬ ਵਿਜੀਲੈਂਸ ਬਿਊਰੋ ਵਲੋਂ ਹੁਸ਼ਿਆਰਪੁਰ ਦਾ ਨਾਇਬ ਤਹਿਸੀਲਦਾਰ ਆਮਦਨ ਤੋਂ ਵੱਧ ਜਾਇਦਾਦ ਰੱਖਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਦੇਰ ਰਾਤ ਕੈਨੇਡਾ ਦੇ ਕਨਾਨਾ-ਸਕਿਸ ਵਿੱਚ ਜੀ-7 ਸੰਮੇਲਨ ਵਿੱਚ ਸ਼ਾਮਲ ਹੋਣਗੇ। ਸ਼੍ਰੀ ਮੋਦੀ ਅੱਜ ਸਵੇਰੇ ਕੈਨੇਡਾ ਦੇ ਦੋ ਦਿਨਾਂ ਦੌਰੇ 'ਤੇ ਕੈਲਗਰੀ ਪਹੁੰਚੇ। ਪ੍ਰਧਾਨ ਮੰਤਰੀ ਊਰਜਾ ਸੁਰੱਖਿਆ, ਤਕਨਾਲੋਜੀ, ਬੁਨਿਆਦੀ ਢਾਂਚੇ ਅਤੇ ਨਿਵੇਸ਼ ਨਾਲ ਸਬੰਧਤ ਚਰਚਾਵਾਂ ਵਿੱਚ ਹਿੱਸਾ ਲੈਣਗੇ। ਪ੍ਰਧਾਨ ਮੰਤਰੀ ਮੋਦੀ ਲਗਾਤਾਰ ਛੇਵੀਂ ਵਾਰ ਜੀ-7 ਸੰਮੇਲਨ ਵਿੱਚ ਸ਼ਾਮਲ ਹੋ ਰਹੇ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਉਹ

ਸੰਮੇਲਨ ਵਿੱਚ ਵੱਖ-ਵੱਖ ਨੇਤਾਵਾਂ ਨੂੰ ਮਿਲਣਗੇ ਅਤੇ ਮਹੱਤਵਪੂਰਨ ਵਿਸ਼ਵ ਮੁੱਦਿਆਂ 'ਤੇ ਆਪਣੇ ਵਿਚਾਰ ਸਾਂਝੇ ਕਰਨਗੇ।

-----------------------------------------------------------

ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਹਰਿਆਣਾ ਦੇ ਮਾਨੇਸਰ ਵਿੱਚ ਦੇਸ਼ ਦੇ ਸਭ ਤੋਂ ਵੱਡੇ ਗਤੀਸ਼ਕਤੀ ਮਲਟੀ ਮਾਡਲ ਕਾਰਗੋ ਟਰਮੀਨਲ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਸ਼੍ਰੀ ਵੈਸ਼ਨਵ ਨੇ ਕਿਹਾ ਕਿ ਹੁਣ ਕੁੱਲ 108 ਮਲਟੀ-ਮਾਡਲ ਕਾਰਗੋ ਟਰਮੀਨਲ ਤਿਆਰ ਕੀਤੇ ਗਏ ਨੇ ਜਿਨ੍ਹਾਂ ਵਿੱਚ ਸੇਵਾਵਾਂ ਜਲਦੀ ਹੀ ਸ਼ੁਰੂ ਹੋ ਜਾਣਗੀਆਂ ਅਤੇ ਸਰਕਾਰ ਦਾ ਮਲਟੀ-ਮਾਡਲ ਨੈੱਟਵਰਕ ਬਣਾਉਣ ਦਾ ਸੁਪਨਾ ਵੀ ਸਾਕਾਰ ਹੋਵੇਗਾ।

**BYTE:**

-----------------------------------------------------------

ਲੁਧਿਆਣਾ ਦੇ ਜਿਲਾ ਚੋਣ ਅਫਸਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਪੱਛਮੀ ਹਲਕੇ ਵਿੱਚ 19 ਜੂਨ ਨੂੰ ਹੋਣ ਵਾਲੀ ਜਿਮਨੀ ਚੋਣ ਬਾਰੇ ਸਾਰੇ ਇੰਤਜ਼ਾਮ ਮੁਕੰਮਲ ਕੀਤੇ ਜਾ ਚੁੱਕੇ ਨੇ । ਉਨ੍ਹਾਂ ਦੱਸਿਆ ਕਿ ਅੱਜ ਸ਼ਾਮ 6 ਵਜੇ ਤੋਂ

ਚੋਣ ਪ੍ਰਚਾਰ ਸਮਾਪਤ ਹੋ ਗਿਆ ਏ। ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ।

**BYTE:**

---------------------------------------------------

ਚੋਣਾਂ ਵਿੱਚ ਵੋਟਰਾਂ ਦੀ ਸਹੂਲਤ ਵਧਾਉਣ ਲਈ  ਚੋਣ ਕਮਿਸ਼ਨ ਨੇ ਇੱਕ ਨਵੀਂ ਪਹਿਲਕਦਮੀ ਸ਼ੁਰੂ ਕੀਤੀ ਏ , ਜਿਸ ਤਹਿਤ ਮੋਬਾਈਲ ਫੋਨ ਜਮ੍ਹਾਂ ਕਰਵਾਉਣ ਦੀ ਸੁਵਿਧਾ ਹਰ ਪੋਲਿੰਗ ਸਟੇਸ਼ਨ 'ਤੇ ਉਪਲਬਧ ਕਰਵਾਈ ਜਾ ਰਹੀ ਏ। ਇਹ ਸਹੂਲਤ ਆ ਰਹੀਆਂ ਜ਼ਿਮਨੀ ਚੋਣਾਂ ਤੋਂ ਲਾਗੂ ਕੀਤੀ ਜਾ ਰਹੀ ਏ। ਇਸ ਵਿੱਚ 19 ਜੂਨ ਨੂੰ ਹੋਣ ਵਾਲੀ ਲੁਧਿਆਣਾ ਪੱਛਮੀ ਦੀ ਚੋਣ ਵੀ ਸ਼ਾਮਲ ਏ। ਇਹ ਨਵੀਂ ਸਹੂਲਤ ਭਾਰਤੀ ਚੋਣ ਕਮਿਸ਼ਨ ਵੱਲੋਂ 23 ਮਈ ਨੂੰ ਜਾਰੀ ਨਿਰਦੇਸ਼ਾਂ ਦੇ ਅਧਾਰ 'ਤੇ ਸ਼ੁਰੂ ਕੀਤੀ ਗਈ ਏ , ਜਿਸ ਦਾ ਉਦੇਸ਼ ਵੋਟਰਾਂ ਦੇ ਤਜ਼ਰਬੇ ਨੂੰ ਬਿਹਤਰ ਬਣਾਉਣਾ ਅਤੇ ਚੋਣ ਸੰਚਾਲਨ ਨਿਯਮਾਂ, 1961 ਦੇ ਨਿਯਮ 49-M ਦੇ ਤਹਿਤ ਵੋਟਿੰਗ ਦੀ ਗੁਪਤਤਾ ਨੂੰ ਬਰਕਰਾਰ ਰੱਖਣਾ ਏ। ਹੁਣ ਵੋਟਰ ਪੋਲਿੰਗ ਸਟੇਸ਼ਨ 'ਤੇ ਆਉਣ ਵੇਲੇ ਆਪਣੇ ਮੋਬਾਈਲ ਫੋਨ ਬਾਹਰ ਦਰਵਾਜ਼ੇ ਕੋਲ ਬਣਾਏ

ਵਿਸ਼ੇਸ਼ ਕਾਊਂਟਰਾਂ 'ਤੇ ਜਮ੍ਹਾਂ ਕਰਵਾ ਸਕਣਗੇ। ਇਹ ਕਾਊਂਟਰ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਜੂਟ ਜਾਂ ਕੱਪੜੇ ਦੇ ਮੋਬਾਈਲ ਹੋਲਡਰਾਂ ਦੀ ਵਰਤੋਂ ਕਰਦੇ ਹੋਏ ਸਿਖਲਾਈ ਪ੍ਰਾਪਤ ਵਲੰਟੀਅਰਾਂ ਵੱਲੋਂ ਚਲਾਏ ਜਾਣਗੇ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਇਸ ਪਹਿਲਕਦਮੀ ਦੇ ਅਜਮਾਇਸ਼ੀ ਪ੍ਰੋਗਰਾਮ ਬਾਰੇ ਕਿਹਾ ਕਿ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਦੌਰਾਨ ਮੋਬਾਈਲ ਫੋਨ ਜਮ੍ਹਾਂ ਕਰਨ ਦੀ ਸਹੂਲਤ ਲਾਗੂ ਕਰਨਾ ਚੋਣ ਕਮਿਸ਼ਨ ਦੇ ਵੱਡੇ ਉਦੇਸ਼ ਦਾ ਹਿੱਸਾ ਏ।

---------------------------------------------------------------

ਭਾਰਤ ਨੇ ਇੱਕ ਦਹਾਕੇ ਵਿੱਚ ਸੇਵਾ, ਸੁਸ਼ਾਸਨ ਅਤੇ ਗਰੀਬਾਂ ਦੀ ਭਲਾਈ ਦੇ ਸਿਧਾਂਤਾਂ ਸਦਕਾ ਮਹੱਤਵਪੂਰਨ ਬਦਲਾਅ ਕੀਤੇ ਨੇ। ਆਕਾਸ਼ਵਾਣੀ ਖਬਰਾਂ ਤੁਹਾਡੇ ਲਈ ਪਿਛਲੇ 11 ਸਾਲਾਂ ਵਿੱਚ ਮੁੱਖ ਖੇਤਰਾਂ ਵਿੱਚ ਸਰਕਾਰ ਦੇ ਯਤਨਾਂ 'ਤੇ ਇੱਕ ਵਿਸ਼ੇਸ਼ ਲੜੀ ਪੇਸ਼ ਕਰ ਰਿਹਾ ਏ। ਅੱਜ ਦੀ ਇਸ ਲੜੀ ਵਿੱਚ, ਅਸੀਂ ਸਾਰਿਆਂ ਲਈ ਕਿਫਾਇਤੀ ਸਿਹਤ ਸੰਭਾਲ ਬਾਰੇ ਜਾਣਕਾਰੀ ਦੇ ਰਹੇ ਹਾਂ।

*ਪੇਸ਼ ਏ ਇਕ ਰਿਪੋਰਟ :ਪਿਛਲੇ ਦਹਾਕੇ ਵਿੱਚ, ਭਾਰਤ ਦੀ ਸਿਹਤ ਸੰਭਾਲ ਪ੍ਰਣਾਲੀ ਵਿੱਚ ਸ਼ਾਨਦਾਰ ਤਬਦੀਲੀ ਆਈ ਏ । ਆਯੁਸ਼ਮਾਨ ਭਾਰਤ ਵਰਗੀਆਂ ਵੱਡੀਆਂ ਪਹਿਲਕਦਮੀਆਂ ਨੇ ਲਗਭਗ 55 ਕਰੋੜ ਲੋਕਾਂ ਨੂੰ ਵਿੱਤੀ ਸੁਰੱਖਿਆ ਪ੍ਰਦਾਨ ਕੀਤੀ ਏ । ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਨੇ ਤਹਿਤ 78 ਕਰੋੜ ਤੋਂ ਵੱਧ ਆਯੁਸ਼ਮਾਨ ਭਾਰਤ ਸਿਹਤ ਖਾਤੇ ਬਣਾਏ ਗਏ ਹਨ। ਇਸ ਤੋਂ ਇਲਾਵਾ, ਪੀ.ਐਮ-ਆਯੁਸ਼ਮਾਨ ਭਾਰਤ ਸਿਹਤ ਬੁਨਿਆਦੀ ਢਾਂਚਾ ਮਿਸ਼ਨ ਦੇ ਤਹਿਤ ਸਿਹਤ ਸੰਭਾਲ ਬੁਨਿਆਦੀ ਢਾਂਚਾ ਤੇਜ਼ੀ ਨਾਲ ਫੈਲਿਆ ਏ । ਸਰਕਾਰ ਨੇ ਕੋਵਿਡ-19 ਮਹਾਂਮਾਰੀ ਦੌਰਾਨ ਪਹਿਲੇ ਮਾਮਲੇ ਦੀ ਰਿਪੋਰਟ ਆਉਣ ਤੋਂ ਪਹਿਲਾਂ ਹੀ, ਹਵਾਈ ਅੱਡਿਆਂ 'ਤੇ ਸਕ੍ਰੀਨਿੰਗ ਤੋਂ ਲੈ ਕੇ ਟੀਕਾਕਰਨ ਕਾਰਜ ਬਲ ਸਥਾਪਤ ਕਰਨ ਅਤੇ ਤੁਰੰਤ ਦੇਸ਼ ਵਿਆਪੀ ਤਾਲਾਬੰਦੀ ਲਗਾਉਣ ਵਰਗੇ ਤੇਜ਼ ਅਤੇ ਦਲੇਰਾਨਾ ਕਦਮ ਚੁੱਕੇ । ਇਸ ਤੋਂ ਇਲਾਵਾ, ਕੋਵਿਨ ਪਲੇਟਫਾਰਮ ਰਾਹੀਂ ਟੀਕੇ ਦੀ ਸੁਚਾਰੂ ਵੰਡ ਨੂੰ ਯਕੀਨੀ ਬਣਾਇਆ ਗਿਆ, ਜਿਸ ਵਿੱਚ 220 ਕਰੋੜ ਤੋਂ ਵੱਧ ਖੁਰਾਕਾਂ ਦਿੱਤੀਆਂ ਗਈਆਂ । ਸਰਕਾਰ ਨੇ ਪਿਛਲੇ 11 ਸਾਲਾਂ ਵਿੱਚ*

***ਭਾਰਤ ਦੀ ਸਿਹਤ ਸੰਭਾਲ ਦੀ ਪਹੁੰਚ ਨੂੰ ਵਧਾਉਣ ਅਤੇ ਗੁਣਵੱਤਾ ਵਿੱਚ ਸੁਧਾਰ ਕਰਨ ਵਿੱਚ ਬੇਮਿਸਾਲ ਤਰੱਕੀ ਕੀਤੀ ਏ । ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ***

---------------------------------------------------

ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ ਏ ਕਿ ਮਨੁੱਖ ਸਭ ਕੁਝ ਵਿਕਸਤ ਕਰ ਸਕਦਾ ਏ ਪਰ ਉਹ ਕੁਦਰਤ ਦਾ ਬਦਲ ਨਹੀਂ ਬਣਾ ਸਕਦਾ । ਇਸ ਲਈ, ਕੁਦਰਤ ਦੀ ਸੰਭਾਲ ਵੱਲ ਧਿਆਨ ਦੇਣਾ ਜ਼ਰੂਰੀ ਏ । ਸ਼੍ਰੀ ਯਾਦਵ ਅੱਜ ਜੋਧਪੁਰ ਵਿੱਚ ਮਾਰੂਥਲੀ-ਕਰਨ ਅਤੇ ਸੋਕੇ ਨਾਲ ਲੜਨ ਦੀਆਂ ਰਣਨੀਤੀਆਂ 'ਤੇ ਰਾਸ਼ਟਰੀ ਵਰਕਸ਼ਾਪ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਵਿਕਾਸ ਲਈ ਕੁਦਰਤ ਦੇ ਬਹੁਤ ਜ਼ਿਆਦਾ ਸ਼ੋਸ਼ਣ ਕਾਰਨ ਧਰਤੀ ਦਾ ਤਾਪਮਾਨ ਵਧ ਰਿਹਾ ਏ , ਇਸ ਲਈ ਸਾਨੂੰ ਖੇਤੀਬਾੜੀ, ਫੈਕਟਰੀਆਂ ਅਤੇ ਉਦਯੋਗਿਕ ਵਿਕਾਸ ਲਈ ਜੋ ਵੀ ਉਤਪਾਦਨ ਕਰਨਾ ਏ , ਉਸ ਵਿੱਚ ਵਾਤਾਵਰਣ ਦਾ ਧਿਆਨ ਰੱਖਣਾ ਪਵੇਗਾ।

**BYTE-**

ਕੇਂਦਰੀ ਮੰਤਰੀ ਨੇ ਕਿਹਾ ਕਿ ਧਰਤੀ ਨੂੰ ਬਚਾਉਣ ਲਈ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਨੂੰ ਵੀ ਘਟਾਉਣਾ ਪਵੇਗਾ। ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਕੁਦਰਤ ਦੀ ਸੰਭਾਲ ਅਤੇ ਜਲਵਾਯੂ ਤਬਦੀਲੀ ਵੱਲ ਧਿਆਨ ਨਾ ਦਿੱਤਾ ਗਿਆ, ਤਾਂ ਭਵਿੱਖ ਵਿੱਚ ਮਨੁੱਖਾਂ ਦੀ ਭੋਜਨ ਲੜੀ ਵੀ ਪ੍ਰਭਾਵਿਤ ਹੋਵੇਗੀ। 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਅਪੀਲ ਕੀਤੀ ਕਿ ਲੋਕਾਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈਣਾ ਚਾਹੀਦਾ ਏ।

-----------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਵੱਖ-ਵੱਖ ਮਾਮਲਿਆਂ ਵਿਚ ਇਕ ਵਿਦੇਸ਼ੀ ਨਾਗਰਿਕ ਸਮੇਤ 6 ਨਸ਼ਾ ਤਸਕਰਾਂ ਨੂੰ, ਗਿਰਫ਼ਤਾਰ ਕਰਕੇ ਇਕ ਡਰੱਗ ਰੈਕੇਟ ਦਾ ਕੀਤਾ ਪਰਦਾਫਾਸ਼ ਕੀਤਾ ਏ । ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਇੱਕ ਪ੍ਰੈਸ ਕਾਨਫਰੰਸ ਵਿਚ ਦਸਿਆ ਕਿ ਕਾਬੂ ਕੀਤੇ ਨਸ਼ਾ ਤਸਕਰਾਂ ਕੋਲੋਂ ਇਕ ਕਿਲੋ ਹੈਰੋਇਨ, 112 ਗ੍ਰਾਮ ਕੋਕੀਨ, ਇੱਕ ਪਿਸਤੌਲ ਅਤੇ 8 ਲੱਖ ਰੁਪਏ ਡਰੱਗ ਮਨੀ

ਵੀ ਬਰਾਮਦ ਹੋਈ ਏ । ਉਨ੍ਹਾਂ ਦਸਿਆ ਕਿ ਨਾਈਜੀਰੀਆ ਦੇ ਰਹਿਣ ਵਾਲੇ ਕੋਲਿਨਜ਼ ਨਸ਼ਾ ਤਸਕਰ ਨੂੰ ਅੰਮ੍ਰਿਤਸਰ ਅਧਾਰਤ ਦੋ ਤਸਕਰਾਂ ਸਮੇਤ ਕੋਕਿਨ ਸਮੇਤ ਕੀਤਾ ਕਾਬੂ ਕੀਤਾ ਗਿਆ । ਉਨ੍ਹਾਂ ਦਸਿਆ ਕਿ ਇਕ ਹੋਰ ਮਾਮਲੇ ਵਿੱਚ ਅੰਮ੍ਰਿਤਸਰ ਦੇ ਹੀ ਤਿੰਨ ਹੋਰ ਨਸ਼ਾ ਤਸਕਰਾਂ ਨੂੰ ਵੀ ਹੈਰੋਇਨ ਇੱਕ ਪਿਸਤੌਲ ਅਤੇ ਡਰੱਗ ਮਨੀ ਸਮੇਤ ਕਾਬੂ ਕੀਤਾ ਗਿਆ । ਪੁਲਿਸ ਕਮਿਸ਼ਨਰ ਨੇ ਕਿਹਾ ।

**BYTE:**

-----------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਹੁਸ਼ਿਆਰਪੁਰ ਦੇ ਨਾਇਬ ਤਹਿਸੀਲਦਾਰ ਵਰਿੰਦਰਪਾਲ ਸਿੰਘ ਧੂਤ ਨੂੰ ਆਮਦਨ ਤੋਂ ਵੱਧ ਜਾਇਦਾਦ ਰੱਖਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਜਲੰਧਰ ਰੇਂਜ ਵੱਲੋਂ ਕੀਤੀ ਗਈ ਵਿਜੀਲੈਂਸ ਜਾਂਚ ਤੋਂ ਬਾਅਦ ਕੀਤੀ ਗਈ ਏ। ਬੁਲਾਰੇ ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਦੇ ਸਾਰੇ ਸਰੋਤਾਂ ਅਤੇ ਵਸੀਲਿਆਂ ਤੋਂ ਕੁੱਲ ਆਮਦਨ 3 ਕਰੋੜ 58 ਲਖ ਤੋਂ ਵੱਧ ਸੀ ਜਦਕਿ ਉਸਦਾ ਕੁੱਲ ਖਰਚ ਅਤੇ

ਜਾਇਦਾਦ 11 ਕਰੋੜ 18 ਲਖ 34 ਹਜ਼ਾਰ  ਤੋਂ ਵੱਧ ਸੀ- ਜੋ ਉਸਦੀ ਕਾਨੂੰਨੀ ਆਮਦਨ ਨਾਲੋਂ 211.54 ਫ਼ੀਸਦ ਵੱਧ ਏ। ਬੁਲਾਰੇ ਨੇ ਦੱਸਿਆ ਕਿ ਧੂਤ ਨੇ ਇੱਕ ਜਨਤਕ ਸੇਵਕ ਵਜੋਂ ਸੇਵਾ ਨਿਭਾਉਂਦੇ ਹੋਏ, ਬੇਹਿਸਾਬੀ ਅਚੱਲ ਅਤੇ ਚੱਲ ਜਾਇਦਾਦ ਪ੍ਰਾਪਤ ਕੀਤੀ ਅਤੇ ਆਪਣੀ ਜਾਇਜ਼ ਕਮਾਈ ਤੋਂ ਕਿਤੇ ਵੱਧ ਫੰਡ ਖਰਚ ਕੀਤੇ, ਜੋ ਭ੍ਰਿਸ਼ਟਾਚਾਰ ਵਿਰੋਧੀ ਕਾਨੂੰਨਾਂ ਦੀ ਸਿੱਧੀ-ਸਿੱਧੀ ਉਲੰਘਣਾ ਹੈ। ਉਸਨੂੰ ਕੱਲ੍ਹ  ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਦੀ ਅਗਲੇਰੀ ਜਾਂਚ ਜਾਰੀ ਏ।

--------------------------------------------------

ਜ਼ਿਲਾ ਗੁਰਦਾਸਪੁਰ ਦੀ ਸਰਹੱਦ ਨੇੜਲੇ ਪਿੰਡ ਘੋਨੇਵਾਲ ਵਿੱਚ ਅੱਜ ਫ਼ੌਜ ਦੀ ਰਾਜਪੂਤ ਰੈਜੀਮੈਂਟ ਦੇ ਜਵਾਨਾਂ ਵੱਲੋਂ ਪਿੰਡ ਦੇ ਲੋਕਾਂ ਨੂੰ ਸਿਹਤਮੰਦ ਰੱਖਣ ਵਾਸਤੇ ਯੋਗ ਕੈਂਪ ਲਗਾਇਆ ਗਿਆ। ਜਿਸ ਵਿੱਚ ਬਚਿਆ, ਬਜ਼ੁਰਗਾਂ  ਮਹਿਲਾਵਾਂ ਨੇ ਹਿੱਸਾ ਲਿਆ। ਪਿੰਡ ਵਾਸੀਆਂ ਨੇ ਦਸਿਆ ਕਿ ਇਸ ਕੈਂਪ ਵਿੱਚ ਆਕੇ ਯੋਗ ਆਸਨ ਅਤੇ ਯੋਗ ਦੇ ਫਾਇਦਿਆਂ ਬਾਰੇ ਬਹੁਤ ਕੁਝ ਸਿੱਖਣ ਨੂੰ ਮਿਲਿਆ ਏ।

---------------------------------------------------

ਪੰਜਾਬ ਸਰਕਾਰ ਦੇ ਈ-ਗਵਰਨੈਂਸ ਵਿਭਾਗ ਵੱਲੋਂ ਸੇਵਾ ਕੇਂਦਰਾਂ ਵਿੱਚ ਮਾਲ ਵਿਭਾਗ ਦੀਆਂ ਛੇ ਨਵੀਆਂ ਸੇਵਾਵਾਂ ਅਤੇ ਟਰਾਂਸਪੋਰਟ ਵਿਭਾਗ ਦੀਆਂ 29 ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਨੇ । ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਮਾਲ ਵਿਭਾਗ ਦੀਆਂ ਛੇ ਨਵੀਆਂ ਸੇਵਾਵਾਂ ਸੇਵਾ ਕੇਂਦਰ ਰਾਹੀਂ ਲਈ ਜਾ ਸਕਦੀਆਂ ਨੇ । ਹੁਣ ਡਿਜੀਟਲ ਫਰਦ ਸੇਵਾ ਕੇਂਦਰਾ ਵਿੱਚੋਂ ਲਈ ਜਾ ਸਕਦੀ ਏ ਅਤੇ ਇਹ ਫਰਦ ਬਿਨੈਕਰਤਾ ਦੇ ਫੋਨ 'ਤੇ ਵਟਸਐਪ ਨੰਬਰ 'ਤੇ ਵੀ ਭੇਜੀ ਜਾਵੇਗੀ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਨੂੰ ਸਮਰਪਿਤ, ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਸ਼ਨ ਰਾਜਸਥਾਨ ਦੇ ਮਾਊਂਟ ਆਬੂ ਵਿਖੇ ਤਿੰਨ ਦਿਨਾਂ ਗੁਰਮਤਿ ਸਮਾਗਮ ਆਯੋਜਤ ਕੀਤਾ ਗਿਆ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਅਤੇ ਮੀਤ ਸਕੱਤਰ ਸੁਖਬੀਰ ਸਿੰਘ ਨੇ ਸਮਾਗਮਾਂ ਵਿਚ ਵਿਸ਼ੇਸ਼ ਤੌਰ ’ਤੇ ਸ਼ਮੂਲੀਅਤ ਕੀਤੀ, ਉਥੇ ਗੁਜਰਾਤ ਅਤੇ ਰਾਜਿਸਥਾਨ ਦੀਆਂ ਸੰਗਤਾਂ ਨੇ ਵੀ ਭਰਵੀਂ ਹਾਜ਼ਰੀ ਭਰੀ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਦੇਰ ਰਾਤ ਕੈਨੇਡਾ ਦੇ ਕਨਾਨਾ-ਸਕਿਸ ਵਿੱਚ, ਜੀ-7 ਸੰਮੇਲਨ 'ਚ ਸ਼ਾਮਲ ਹੋਣਗੇ- ਇਸ ਵਿੱਚ ਊਰਜਾ ਸੁਰੱਖਿਆ, ਤਕਨਾਲੋਜੀ ਅਤੇ ਹੋਰ ਆਲਮੀ ਚੁਣੌਤੀਆਂ 'ਤੇ ਹੋਵੇਗੀ ਚਰਚਾ।
- ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਹਰਿਆਣਾ ਦੇ ਮਾਨੇਸਰ ਵਿੱਚ ਦੇਸ਼ ਦੇ ਸਭ ਤੋਂ ਵੱਡੇ ਗਤੀਸ਼ਕਤੀ ਮਲਟੀ ਮਾਡਲ ਕਾਰਗੋ ਟਰਮੀਨਲ ਦਾ ਕੀਤਾ ਉਦਘਾਟਨ।
- ਲੁਧਿਆਣਾ ਪੱਛਮੀ ਜ਼ਿਮਨੀ ਚੋਣ ਬਾਰੇ ਪ੍ਰਚਾਰ ਸ਼ਾਮ 6 ਵਜੇ ਤੋਂ ਸਮਾਪਤ ਹੋਇਆ ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਸੁਵਿਧਾ ਲਈ, ਮੋਬਾਈਲ ਜਮ੍ਹਾਂ ਕਰਵਾਉਣ ਦੀ ਸਹੂਲਤ ਦੀ ਸ਼ੁਰੂਆਤ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਵੱਖ-ਵੱਖ ਮਾਮਲਿਆਂ ਵਿਚ ਇਕ ਵਿਦੇਸ਼ੀ ਨਾਗਰਿਕ ਸਮੇਤ 6 ਨਸ਼ਾ ਤਸਕਰਾਂ ਨੂੰ ਗਿਰਫ਼ਤਾਰ ਕਰਕੇ, ਇਕ ਡਰੱਗ ਰੈਕੇਟ ਦਾ ਕੀਤਾ ਪਰਦਾਫਾਸ਼ ।
- ਪੰਜਾਬ ਵਿਜੀਲੈਂਸ ਬਿਊਰੋ ਵਲੋਂ ਹੁਸ਼ਿਆਰਪੁਰ ਦਾ ਨਾਇਬ ਤਹਿਸੀਲਦਾਰ ਆਮਦਨ ਤੋਂ ਵੱਧ ਜਾਇਦਾਦ ਰੱਖਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਰਾਸ਼ਟਰੀ **7 ਵੱਜਕੇ 30 ਮਿੰਟ** 'ਤੇ ਨਮਸਕਾਰ !